# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 31-07-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਮੰਤਰੀ ਮੰਡਲ ਵਲੋਂ ਪ੍ਰਧਾਨ ਮੰਤਰੀ ਕਿਸਾਨ ਸੰਪਦਾ ਯੋਜਨਾ ਲਈ ਵਾਧੂ ਖਰਚ ਦੇ ਨਾਲ 6 ਹਜ਼ਾਰ 520 ਕਰੋੜ ਰੁਪਏ ਦੇ ਖਰਚ ਨੂੰ ਮਨਜ਼ੂਰੀ ।

- ਸ਼ਹੀਦ ਊਧਮ ਸਿੰਘ ਦੇ 86ਵੇਂ ਸ਼ਹੀਦੀ ਦਿਹਾੜੇ 'ਤੇ ਦੇਸ਼ ਅੱਜ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ-ਪੰਜਾਬ ਦਾ ਸੂਬਾ ਪੱਧਰੀ ਸਮਾਗਮ ਸੁਨਾਮ ਵਿਖੇ ਹੋਇਆ।

- ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸੜਕੀ ਆਵਾਜਾਈ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਹੁਸ਼ਿਆਰਪੁਰ ਤੋਂ ਟਾਂਡਾ ਰੋਡ ਦੇ ਨਿਰਮਾਣ ਕਾਰਜ ਨੂੰ ਜਲਦ ਸ਼ੁਰੂ ਕਰਵਾਉਣ ਲਈ ਮੰਗ ਪੱਤਰ ਸੋਪੇਆ ।

- **ਬੀਤੇ ਦਿਨ ਲੇਹ ਹਾਦਸੇ ਵਿੱਚ ਸ਼ਹੀਦ ਹੋਏ ਭਾਰਤੀ ਫੌਜ ਦੇ ਦੋ ਬਹਾਦਰ ਜਵਾਨਾਂ ਦਾ ਅੱਜ ਉਨ੍ਹਾਂ ਦੇ ਜੱਦੀ ਸ਼ਹਿਰਾਂ, ਪਠਾਨਕੋਟ ਅਤੇ ਗੁਰਦਾਸਪੁਰ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।**

- **ਅੰਮ੍ਰਿਤਸਰ ਪੁਲਿਸ ਵਲੋਂ ਡਰੱਗ ਮਾਫੀਆ ਖਿਲਾਫ ਵੱਡੀ ਕਾਰਵਾਈ- ਹਰਦੁਆਰ 'ਚ ਡਰੱਗ ਫਾਰਮਾ ਫਰਮ 'ਤੇ ਛਾਪੇਮਾਰੀ -ਟਰਾਮਾਡੋਲ ਗੋਲੀਆਂ ਸਮੇਤ 6 ਮੁਲਜ਼ਮ ਗ੍ਰਿਫਤਾਰ।**

**<u>ਹੁਣ ਖਬਰਾਂ ਵਿਸਥਾਰ ਨਾਲ.....</u>**

ਕੇਂਦਰੀ ਮੰਤਰੀ ਮੰਡਲ ਨੇ 15ਵੇਂ ਵਿੱਤ ਕਮਿਸ਼ਨ ਚੱਕਰ ਦੌਰਾਨ ਜਾਰੀ ਕੀਤੀ ਗਈ  ਕੇਂਦਰੀ ਯੋਜਨਾ, ਪ੍ਰਧਾਨ ਮੰਤਰੀ ਕਿਸਾਨ ਸੰਪਦਾ ਯੋਜਨਾ ਲਈ 1 ਹਜ਼ਾਰ 920 ਕਰੋੜ ਰੁਪਏ ਦੇ ਵਾਧੂ ਖਰਚ ਦੇ ਨਾਲ 6 ਹਜ਼ਾਰ 520 ਕਰੋੜ ਰੁਪਏ ਦੇ ਖਰਚ ਨੂੰ ਮਨਜ਼ੂਰੀ ਦੇ ਦਿੱਤੀ ਏ ।

ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ। ਮੰਤਰੀ ਮੰਡਲ

ਦੀ ਪ੍ਰਵਾਨਗੀ ਵਿੱਚ 15ਵੇਂ ਵਿੱਤ ਕਮਿਸ਼ਨ ਚੱਕਰ ਦੌਰਾਨ ਪ੍ਰਧਾਨ ਮੰਤਰੀ ਕਿਸਾਨ ਸੰਪਦਾ ਯੋਜਨਾ ਦੇ ਤਹਿਤ ਪ੍ਰਵਾਨਿਤ ਪ੍ਰੋਜੈਕਟਾਂ ਲਈ 920 ਕਰੋੜ ਰੁਪਏ ਵੀ ਸ਼ਾਮਲ ਹਨ।

**BYTE**

ਮੰਤਰੀ ਮੰਡਲ ਨੇ 2025-26 ਤੋਂ 2028-29 ਤੱਕ ਚਾਰ ਸਾਲਾਂ ਦੀ ਮਿਆਦ ਲਈ 2000 ਕਰੋੜ ਰੁਪਏ ਦੇ ਖਰਚੇ ਵਾਲੀ ਕੇਂਦਰੀ ਯੋਜਨਾ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ ਗ੍ਰਾਂਟ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ। ਗ੍ਰਾਂਟ-ਇਨ-ਏਡ ਦੇ ਆਧਾਰ 'ਤੇ, NCDC ਚਾਰ ਸਾਲਾਂ ਦੀ ਮਿਆਦ ਵਿੱਚ ਖੁੱਲ੍ਹੇ ਬਾਜ਼ਾਰ ਤੋਂ 20 ਹਜ਼ਾਰ ਕਰੋੜ ਰੁਪਏ ਇਕੱਠੇ ਕਰਨ ਦੇ ਯੋਗ ਹੋਵੇਗਾ।

---------------------------------------------------

ਰਾਸ਼ਟਰ ਅੱਜ ਆਪਣੇ ਮਹਾਨ ਇਨਕਲਾਬੀ, ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ 86ਵੇਂ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਹ ਭਾਰਤ ਮਾਤਾ ਦੇ ਅਮਰ ਪੁੱਤਰ, ਸ਼ਹੀਦ ਊਧਮ ਸਿੰਘ ਨੂੰ

ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਨਿੱਘੀ ਸ਼ਰਧਾਂਜਲੀ ਦਿੰਦੇ ਨੇ। ਉਨ੍ਹਾਂ ਦੀ ਦੇਸ਼ ਭਗਤੀ ਅਤੇ ਬਹਾਦਰੀ ਦੀ ਗਾਥਾ, ਹਮੇਸ਼ਾ ਦੇਸ਼ ਵਾਸੀਆਂ ਲਈ ਪ੍ਰੇਰਨਾ ਸਰੋਤ ਬਣੀ ਰਹੇਗੀ।

ਵੇਰਵੇ ਨਾਲ ਇਕ ਰਿਪੋਰਟ

---------------------------------------------------

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸੜਕੀ ਆਵਾਜਾਈ ਬਾਰੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਹੁਸ਼ਿਆਰਪੁਰ ਤੋਂ ਟਾਂਡਾ ਰੋਡ ਦੇ ਨਿਰਮਾਣ ਕਾਰਜ ਨੂੰ ਜਲਦ ਸ਼ੁਰੂ ਕਰਵਾਉਣ ਲਈ ਮੰਗ ਪੱਤਰ ਦਿੱਤਾ । ਕੇਂਦਰੀ ਮੰਤਰੀ ਨੇ ਭਰੋਸਾ ਦਿੱਤਾ ਕਿ ਜਲਦ ਹੀ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਜਾਵੇਗਾ। ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਸਮੇਤ ਡਾ. ਰਾਜ ਕੁਮਾਰ ਚੱਬੇਵਾਲ ਨੇ ਕੇਂਦਰੀ ਮੰਤਰੀ ਨਾਲ ਮੁਲਾਕਾਤ ਦੌਰਾਨ ਦੱਸਿਆ ਕਿ ਹੁਸ਼ਿਆਰਪੁਰ-ਟਾਂਡਾ ਸੜਕ, ਜਿਸ ਦੀ ਲੰਬਾਈ ਜਿਸਦੀ ਲੰਬਾਈ 27.9 ਕਿਲੋਮੀਟਰ ਏ , ਦੇ ਨਿਰਮਾਣ ’ਤੇ 28 ਕਰੋੜ 86 ਹਜ਼ਾਰ ਦੀ ਲਾਗਤ ਹੋਵੇਗੀ । ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ

ਨਾਲ ਮੁਲਾਕਾਤ ਮੌਕੇ ਹੁਸ਼ਿਆਰਪੁਰ-ਜਾਲੰਧਰ ਰੋਡ ਦੇ ਅਧੂਰੇ ਪਏ ਕੰਮ ਨੂੰ ਜਲਦ ਪੂਰਾ ਕਰਵਾਉਣ ਦੀ ਵੀ ਮੰਗ ਕੀਤੀ ਗਈ ਏ ਅਤੇ ਉਨ੍ਹਾਂ ਨੇ ਭਰੋਸਾ ਦਿਵਾਇਆ ਏ ਕਿ ਇਸ ਸੜਕ ਦਾ ਰੁਕਿਆ ਪਿਆ ਕੰਮ ਵੀ ਜਲਦ ਸ਼ੁਰੂ ਕਰਵਾਇਆ ਜਾਵੇਗਾ । ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਹੁਸ਼ਿਆਰਪੁਰ-ਜਲੰਧਰ ਰੋਡ ਵਿੱਚ ਜਿੱਥੇ ਹਾਲੇ ਤੱਕ ਸੜਕ ਦਾ ਨਿਰਮਾਣ ਨਹੀਂ ਹੋ ਸਕਿਆ ਏ ਉਨ੍ਹਾਂ ਥਾਵਾਂ ’ਤੇ ਪ੍ਰਸ਼ਾਸ਼ਨ ਨੂੰ ਜਮੀਨ ਐਕਵਾਇਰ ਕਰਨ ਵਿੱਚ ਮੁਸ਼ਕਿਲ ਪੇਸ਼ ਆਈ ਸੀ ਜਿਸ ਕਾਰਨ ਕੰਮ ਰੁਕ ਗਿਆ ਪਰ ਹੁਣ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਆਉਣ ਵਾਲੇ ਸਮੇਂ ਦੌਰਾਨ ਜਲਦ ਹੀ ਜਮੀਨ ਐਕਵਾਇਰ ਕਰਨ ਦੀ ਪ੍ਰਕ੍ਰਿਆ ਨੂੰ ਪੂਰੀ ਕਰਨ ਦਾ ਭਰੋਸਾ ਦਿੱਤਾ ਹੈ, ਜਿਸ ਉਪਰੰਤ ਸੜਕ ਦਾ ਨਿਰਮਾਣ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਆਦਮਪੁਰ ਦੇ ਫਲਾਈਓਵਰ ਦਾ ਰੁਕਿਆ ਕੰਮ ਵੀ ਜਲਦ ਸ਼ੁਰੂ ਕਰਵਾਇਆ ਜਾ ਰਿਹਾ ਏ ।

---------------------------------------------------------------

ਬੀਤੇ ਦਿਨ ਲੇਹ ਹਾਦਸੇ ਵਿੱਚ ਸ਼ਹੀਦ ਹੋਏ ਭਾਰਤੀ ਫੌਜ ਦੇ ਦੋ ਬਹਾਦਰ ਜਵਾਨਾਂ ਦਾ ਅੱਜ ਉਨ੍ਹਾਂ ਦੇ ਜੱਦੀ ਸ਼ਹਿਰਾਂ, ਪਠਾਨਕੋਟ ਅਤੇ

ਗੁਰਦਾਸਪੁਰ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਪਠਾਨਕੋਟ ਤੋਂ ਲੈਫਟੀਨੈਂਟ ਕਰਨਲ ਭਾਨੂ ਪ੍ਰਤਾਪ ਸਿੰਘ ਮਨ-ਕੋਟੀਆ ਅਤੇ ਗੁਰਦਾਸਪੁਰ ਤੋਂ ਲਾਂਸ ਦਫਾਦਾਰ ਦਲਜੀਤ ਸਿੰਘ ਨੇ ਲੱਦਾਖ ਵਿੱਚ ਡਿਊਟੀ ਦੌਰਾਨ ਉਸ ਸਮੇਂ ਸਰਵਉੱਚ ਕੁਰਬਾਨੀ ਦਿੱਤੀ ਜਦੋਂ  ਚੱਟਾਨ ਤੋਂ ਇੱਕ ਪੱਥਰ, ਕਾਫਲੇ ਨਾਲ ਯਾਤਰਾ ਕਰ ਰਹੇ ਉਨ੍ਹਾਂ ਫੌਜੀ ਵਾਹਨ 'ਤੇ ਡਿੱਗ ਪਿਆ। ਉਹ ਦੋਵੇਂ ਫੌਜ ਦੀ 14ਵੀਂ ਹਾਰਸ ਰੈਜੀਮੈਂਟ ਤੋਂ ਸਨ।

-----------------------------------------------------

ਅੰਮ੍ਰਿਤਸਰ ਪੁਲਿਸ ਕਮਿਸ਼ਨਰੇਟ ਨੇ ਜ਼ਿਲੇ ਤੋਂ ਲੈਕੇ ਹਰਿਦੁਆਰ ਵਿੱਚ ਦਵਾਈਆਂ ਦੀ ਇੱਕ ਨਿਰਮਾਣ ਯੂਨਿਟ ਤੱਕ ਫੈਲੀ ਗੈਰ ਕਾਨੂੰਨੀ ਢੰਗ ਨਾਲ ਬਣਾਈ ਜਾਂਦੀ ਟ੍ਰਾਮਾਡੋਲ ਦਵਾਈ ਦੀ ਸਪਲਾਈ ਚੇਨ ਦਾ ਪਰਦਾਫਾਸ਼ ਕੀਤਾ ਏ । ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਲਾਸਿਆਂ ਅਤੇ ਛਾਪਿਆਂ ਦੇ ਆਧਾਰ 'ਤੇ, ਕੈਮਿਸਟ, ਵਿਤਰਕ ਅਤੇ ਲੂਸੈਂਟ ਬਾਇਓਟੈਕ ਲਿਮਟਿਡ ਦੇ ਪਲਾਂਟ ਮੁਖੀ ਸਮੇਤ 6 ਮੁਲਜ਼ਮਾਂ ਨੂੰ ਗਿਰਫ਼ਤਾਰ ਕੀਤਾ ਗਿਆ ਏ । ਪੁਲਿਸ ਨੇ

70 ਹਜ਼ਾਰ ਤੋਂ ਵੱਧ ਟ੍ਰਾਮਾਡੋਲ ਗੋਲੀਆਂ, 7 ਲੱਖ 65 ਹਜ਼ਾਰ ਦੀ ਡਰੱਗ ਮਨੀ ਅਤੇ ਟ੍ਰਾਮਾਡੋਲ ਨੂੰ ਬਣਾਉਣ ਲਈ ਵਰਤਿਆ ਜਾਂਦਾ 325 ਕਿਲੋਗ੍ਰਾਮ ਕੱਚਾ ਮਾਲ ਬਰਾਮਦ ਕੀਤਾ ਏ। ਹੈਰਾਨੀ ਦੀ ਗੱਲ ਇਹ ਏ ਕਿ ਜ਼ਬਤ ਕੀਤੇ ਗਏ ਦਵਾਈਆਂ ਦੇ ਪਤਿਆਂ 'ਤੇ "ਸਰਕਾਰੀ ਸਪਲਾਈ ਸਿਰਫ਼ - ਵਿਕਰੀ ਲਈ ਨਹੀਂ" ਲਿਖਿਆ ਸੀ, ਜੋ ਡਾਕਟਰੀ ਭੰਡਾਰ ਦੇ ਗੈਰ-ਕਾਨੂੰਨੀ ਵਰਤੋਂ ਨੂੰ ਲੈਕੇ ਗੰਭੀਰ ਚਿੰਤਾਵਾਂ ਪੈਦਾ ਕਰਦਾ ਏ। ਪੁਲਿਸ ਸੂਤਰਾਂ ਮੁਤਾਬਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ ਮੁੱਖ ਫਾਰਮਾ ਯੂਨਿਟਾਂ ਨੂੰ ਸੀਲ ਕਰ ਦਿੱਤਾ ਗਿਆ ਏ ਅਤੇ ਰਿਕਾਰਡਾਂ ਦੀ ਜਾਂਚ ਕੀਤੀ ਗਈ ਏ।

ਅਗਲੇਰੀ ਜਾਂਚ ਜਾਰੀ ਏ।

-------------------------------------------------

ਕੇਂਦਰੀ ਜੀ.ਐੱਸ.ਟੀ. ਲੁਧਿਆਣਾ ਨੇ ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਆਡੀਓ-ਵੀਡੀਓ ਉਤਪਾਦਨ ਖੇਤਰ ਦੀਆਂ ਕਈ ਫਰਮਾਂ ਖਿਲਾਫ ਜਾਂਚ ਕੀਤੀ, ਜਿਸ ਵਿਚ 62 ਕਰੋੜ ਰੁਪਏ ਦੀ ਜੀ.ਐੱਸ.ਟੀ. ਚੋਰੀ ਦਾ ਖੁਲਾਸਾ ਹੋਇਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ

ਇਨ੍ਹਾਂ ਫਰਮਾਂ ਨੇ ਵਿਦੇਸ਼ੀ ਸੰਸਥਾਵਾਂ ਤੋਂ 342 ਕਰੋੜ ਰੁਪਏ ਦੀਆਂ ਸੇਵਾਵਾਂ ਦਰਾਮਦ ਕੀਤੀਆਂ ਸਨ ਤੇ ਜਦਕਿ ਜੀ.ਐੱਸ.ਟੀ. ਦਾ ਬਣਦੀ ਅਦਾਇਗੀ ਨਹੀਂ ਕੀਤੀ ਗਈ । ਸਾਡੇ ਪੱਤਰਕਾਰ ਨੇ ਜੀ.ਐੱਸ.ਟੀ. ਵਿਭਾਗ ਦੇ ਹਵਾਲੇ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਏ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਏ ਕਿ ਇਨ੍ਹਾਂ ਫਰਮਾਂ ਨੇ ਜੀ.ਐੱਸ.ਟੀ. ਕਾਨੂੰਨਾਂ ਤਹਿਤ ਨਿਰਧਾਰਤ ਕਿਸੇ ਵੀ ਦਸਤਾਵੇਜ਼ੀ ਪ੍ਰਕਿਰਿਆ ਦੀ ਪਾਲਣਾ ਨਹੀਂ ਕੀਤੀ, ਜਿਸ ਤੋਂ ਇਹ ਸਪੱਸ਼ਟ ਹੁੰਦਾ ਏ ਕਿ ਇਹ ਟੈਕਸ ਚੋਰੀ ਚੰਗੀ ਤਰ੍ਹਾਂ ਯੋਜਨਾਬੱਧ ਤੇ ਜਾਣ-ਬੁੱਝ ਕੇ ਕੀਤੀ ਗਈ ਸੀ।

---------------------------------------------------------

ਬੀਤੇ ਦਿਨ ਜਲੰਧਰ ਦੇ ਸਿਵਲ ਹਸਪਤਾਲ ਵਿੱਚ ਆਕਸੀਜਨ ਪਲਾਂਟ ਬੰਦ ਹੋਣ ਕਾਰਨ ਆਈ.ਸੀ.ਯੂ ਵਿੱਚ ਦਾਖਲ ਤਿੰਨ ਮਰੀਜ਼ਾਂ ਦੀ ਮੌਤ ਦੇ ਮਾਮਲੇ ਵਿੱਚ ਸਿਹਤ ਵਿਭਾਗ ਨੇ ਕੱਲ੍ਹ ਤਿੰਨ ਡਾਕਟਰਾਂ ਨੂੰ ਮੁਅੱਤਲ ਕਰ ਦਿੱਤਾ ਏ । ਇਸ ਘਟਨਾ ਵਿੱਚ ਲਾਪਰਵਾਹੀ ਲਈ ਇੱਕ ਡਾਕਟਰ ਨੂੰ ਬਰਖਾਸਤ ਕਰ ਦਿੱਤਾ ਗਿਆ ਸੀ। ਇਸੇ ਸਿਲਸਲੇ ਵਿਚ ਸਿਹਤ ਮੰਤਰੀ ਬਲਬੀਰ ਸਿੰਘ ਅੱਜ ਫਿਰ ਜਲੰਧਰ ਦੇ ਸਿਵਲ ਹਸਪਤਾਲ ਪਹੁੰਚੇ ।

ਜਿੱਥੇ ਉਨ੍ਹਾਂ ਨੇ ਹਸਪਤਾਲ ਵਿੱਚ ਮੌਜੂਦ ਮਰੀਜ਼ਾਂ ਦਾ ਹਾਲ-ਚਾਲ ਪੁੱਛਿਆ। ਇਸ ਦੌਰਾਨ ਮਰੀਜ਼ਾਂ ਦਾ ਹਾਲ ਜਾਣਨ ਤੋਂ ਬਾਅਦ ਸਿਹਤ ਮੰਤਰੀ ਨੇ ਡਾਕਟਰਾਂ ਨਾਲ ਵੀ ਗੱਲਬਾਤ ਕੀਤੀ।

ਉਨ੍ਹਾਂ ਦਸਿਆ।

**BYTE**

---

ਲੁਧਿਆਣਾ ਡਾਕ ਵਿਭਾਗ, ਵੱਲੋਂ ਅਗਲੇ ਗੇੜ ਵਿੱਚ ਇੱਕ ਉੱਨਤ ਡਾਕ ਤਕਨਾਲੋਜੀ ਐਪਲੀਕੇਸ਼ਨ ਲਾਗੂ ਕੀਤੀ ਜਾ ਰਹੀ ਏ ਜੋ ਡਿਜੀਟਲ ਸੁਰੱਖਿਆ ਅਤੇ ਨਵੀਨਕਰਨ ਵੱਲ ਇੱਕ ਵੱਡਾ ਕਦਮ ਏ। ਇਹ ਨਵੀਂ ਆਧੁਨਿਕ ਡਿਜੀਟਲ ਪ੍ਰਣਾਲੀ 4 ਅਗਸਤ ਤੋਂ ਲੁਧਿਆਣਾ ਸ਼ਹਿਰ ਦੇ ਸਾਰੇ ਡਾਕ ਦਫ਼ਤਰਾਂ ਵਿੱਚ ਲਾਗੂ ਕੀਤੀ ਜਾਵੇਗੀ। ਇਹ ਨਵੇਂ ਡਿਜੀਟਲ ਪਲੇਟਫਾਰਮ ਕੰਮ ਕਰਨ ਦੇ ਢੰਗ ਤਰੀਕੇ ਨੂੰ ਸੁਰੱਖਿਅਤ ਅਤੇ ਵਧੇਰੇ ਭਰੋਸੇਯੋਗ ਬਣਾਉਣ ਵਿੱਚ ਸਹਾਈ ਸਿੱਧ ਹੋਵੇਗਾ। ਨਵੀਂ ਪ੍ਰਣਾਲੀ ਦੇ ਸੁਚਾਰੂ ਅਤੇ ਸਫਲ ਕਾਰਜਸ਼ੀਲਤਾ ਲਈ, 2 ਅਗਸਤ ਨੂੰ ਸਾਰੀਆਂ ਜਨਤਕ ਸੇਵਾਵਾਂ ਬੰਦ ਰਹਿਣਗੀਆਂ ਕਿਉਂਕਿ ਇਸ ਦੌਰਾਨ ਪ੍ਰਣਾਲੀ ਦੀ

ਜਾਂਚ, ਤਸਦੀਕ ਅਤੇ ਢਾਂਚਾ ਤਿਆਰ ਕਰਨ ਦੀ ਕਾਰਵਾਈ ਹੋਵੇਗੀ ਤਾਂ ਜੋ ਨਵੀਂ ਪ੍ਰਣਾਲੀ ਨੂੰ ਸੁਚਾਰੂ ਅਤੇ ਸਫਲਤਾਪੂਰਵਕ ਢੰਗ ਨਾਲ ਲਾਂਚ ਕੀਤਾ ਜਾ ਸਕੇ।

-----------------------------------------------------

ਇਕ ਜੱਜ ਇਕ ਰੁੱਖ ਮੁਹਿੰਮ ਤਹਿਤ ਤਰਨ ਤਾਰਨ ਦੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਕੰਵਲਜੀਤ ਸਿੰਘ ਬਾਜਵਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸਾਰੇ ਨਿਆਂਇਕ ਅਫ਼ਸਰਾਂ ਵੱਲੋਂ ਕੋਰਟ ਕੰਪਲੈਕਸ  ਕੋਰਟ ਕੰਪਲੈਕਸ ਪੱਟੀ ਅਤੇ ਖਡੂਰ ਸਾਹਿਬ ਵਿਖੇ ਬੂਟੇ  ਲਗਾਏ ਗਏ। ਸੈਸ਼ਨਜ਼ ਜੱਜ ਕਿਹਾ ਕਿ ਵਾਤਾਵਰਨ ਨੂੰ ਹਰਾ ਭਰਾ ਰੱਖਣ, ਪ੍ਰਦੂਸ਼ਣ ਤੋਂ ਬਚਾਉਣ ਅਤੇ ਲੋਕਾਂ ਨੂੰ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਾਉਣ ਦੇ ਨਾਲ ਨਾਲ ਉਹਨਾਂ ਨੂੰ ਸ਼ੁੱਧ ਹਵਾ ਅਤੇ ਆਕਸੀਜਨ ਪ੍ਰਦਾਨ ਕਰਨ ਲਈ ਬੂਟੇ ਲਗਾਉਣੇ ਬਹੁਤ ਜਰੂਰੀ ਨੇ । ਉਨ੍ਹਾਂ ਕਿਹਾ ਕਿ ਕੁਦਰਤ ਨੂੰ ਬਚਾਉਣ ਲਈ  ਸਾਨੂੰ ਸਾਰਿਆਂ ਨੂੰ ਇਕੱਠੇ ਹੋਣਾ ਚਾਹੀਦਾ ਏ ਅਤੇ ਸਮੇਂ ਸਿਰ ਇਕ ਸਿਹਤਮੰਦ ਅਤੇ ਸੁਰੱਖਿਅਤ ਵਾਤਾਵਰਣ ਲਈ ਕੰਮ ਕਰਨਾ ਚਾਹੀਦਾ ਏ।

---

ਫਤਿਹਗੜ੍ਹ ਸਾਹਿਬ ਦੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਮਾਤਾ ਗੁਜਰੀ ਕਾਲਜ ਦੇ ਐਨ.ਸੀ.ਸੀ ਵਿਭਾਗ ਦੇ ਸਹਿਯੋਗ ਨਾਲ ਰੁੱਖ ਲਗਾਓ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਜ਼ਿਲਾ ਤੇ ਸੈਸ਼ਨ ਜੱਜ ਅਰੁਣ ਗੁਪਤਾ ਨੇ ਕਿਹਾ ਕਿ ਅੱਜ ਵਾਤਾਵਰਨ ਨੂੰ ਸੰਭਾਲਣ ਲਈ ਹਰੇਕ ਵਿਅਕਤੀ ਨੂੰ ਅੱਗੇ ਆਉਣ ਦੀ ਲੋੜ ਏ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਇਸ ਮੁਹਿੰਮ ਵਿੱਚ ਅਹਿਮ ਭੂਮਿਕਾ ਅਦਾ ਕਰਨਾ ਬਹੁਤ ਹੀ ਸ਼ਲਾਘਾ ਯੋਗ ਉੱਤਮ ਏ।

ਜਿਲਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਕਿਹਾ

**BYTE**

---

- **ਕੇਂਦਰੀ ਮੰਤਰੀ ਮੰਡਲ ਵਲੋਂ ਪ੍ਰਧਾਨ ਮੰਤਰੀ ਕਿਸਾਨ ਸੰਪਦਾ ਯੋਜਨਾ ਲਈ ਵਾਧੂ ਖਰਚ ਦੇ ਨਾਲ 6 ਹਜ਼ਾਰ 520 ਕਰੋੜ ਰੁਪਏ ਦੇ ਖਰਚ ਨੂੰ ਮਨਜ਼ੂਰੀ।**

- ਸ਼ਹੀਦ ਊਧਮ ਸਿੰਘ ਦੇ 86ਵੇਂ ਸ਼ਹੀਦੀ ਦਿਹਾੜੇ 'ਤੇ ਦੇਸ਼ ਅੱਜ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ-ਪੰਜਾਬ ਦਾ ਸੂਬਾ ਪੱਧਰੀ ਸਮਾਗਮ ਸੁਨਾਮ ਵਿਖੇ ਹੋਇਆ।

- ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸੜਕੀ ਆਵਾਜਾਈ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਹੁਸ਼ਿਆਰਪੁਰ ਤੋਂ ਟਾਂਡਾ ਰੋਡ ਦੇ ਨਿਰਮਾਣ ਕਾਰਜ ਨੂੰ ਜਲਦ ਸ਼ੁਰੂ ਕਰਵਾਉਣ ਲਈ ਮੰਗ ਪੱਤਰ ਸੋਪੇਆ ।

- ਬੀਤੇ ਦਿਨ ਲੇਹ ਹਾਦਸੇ ਵਿੱਚ ਸ਼ਹੀਦ ਹੋਏ ਭਾਰਤੀ ਫੌਜ ਦੇ ਦੋ ਬਹਾਦਰ ਜਵਾਨਾਂ ਦਾ ਅੱਜ ਉਨ੍ਹਾਂ ਦੇ ਜੱਦੀ ਸ਼ਹਿਰਾਂ, ਪਠਾਨਕੋਟ ਅਤੇ ਗੁਰਦਾਸਪੁਰ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।

- ਅੰਮ੍ਰਿਤਸਰ ਪੁਲਿਸ ਵਲੋਂ ਡਰੱਗ ਮਾਫੀਆ ਖਿਲਾਫ ਵੱਡੀ ਕਾਰਵਾਈ-ਹਰਦੁਆਰ 'ਚ ਡਰੱਗ ਫਾਰਮਾ ਫਰਮ 'ਤੇ ਛਾਪੇਮਾਰੀ -ਟਰਾਮਾਡੋਲ ਗੋਲੀਆਂ ਸਮੇਤ 6 ਮੁਲਜ਼ਮ ਗ੍ਰਿਫਤਾਰ।

<u>ਇਸਦੇ ਨਾਲ ਪ੍ਰਾਦੇਸ਼ਿਕ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੋਇਆ, ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !</u>